

ਅਜੀਤ, ਬਠਿੰਡਾ
ਮੋਗਾ ਅਜੀਤ
ਬੁੱਧਵਾਰ, 29 ਅਕਤੂਬਰ 2025






## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 29 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਬਰਤੋੜ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।



**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 29 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਦਵਿੰਦਰ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਗੁਰਸੇਵਕ ਸਿੰਘ ਤੇ 30 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

# ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਵਿਧਾਇਕ ਲਾਡੀ ਢੋਸ ਤੇ ਡਿਪਟੀ ਕਮਿਸ਼ਨਰ ਵਲੋਂ ਬੀਜ ਵੰਡ ਮੁਹਿੰਮ ਦੀ ਸ਼ੁਰੂਆਤ

ਫ਼ਤਿਹਗੜ੍ਹ ਪੰਜਤੂਰ, 28 ਅਕਤੂਬਰ (ਜਸਵਿੰਦਰ ਸਿੰਘ ਪੋਪਲੀ)-ਹਲਕਾ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਬੀਜ ਵੰਡਣ ਦੀ ਮੁਹਿੰਮ ਦੀ ਸ਼ੁਰੂਆਤ ਕਸਬਾ ਫਤਿਹਗੜ੍ਹ ਪੰਜਤੂਰ ਦੇ ਨਾਲ ਲੱਗਦੇ ਪਿੰਡ ਰਾਊਵਾਲ ਮੇਲਕ ਕੰਗਾਂ ਦੇ ਸਰਕਾਰੀ ਹਾਈ ਸਕੂਲ ਵਿਖੇ ਕੀਤੀ ਗਈ। ਵਿਧਾਇਕ ਲਾਡੀ ਢੋਸ ਹੜ੍ਹਾਂ ਦੇ ਦਿਨਾਂ ਤੋਂ ਹੀ ਪ੍ਰਭਾਵਿਤ ਲੋਕਾਂ ਦੀ ਦਿਨ-ਬਦਿਨ ਸਾਰ ਲੈ ਰਹੇ ਹਨ ਅਤੇ ਉਨ੍ਹਾਂ ਦੀ ਮਦਦ ਲਈ ਲਗਾਤਾਰ ਯਤਨਸ਼ੀਲ ਹਨ। ਇਸ ਸਮਾਗਮ 'ਚ ਜ਼ਿਲ੍ਹਾ ਡਿਪਟੀ ਕਮਿਸ਼ਨਰ ਸਾਗਰ ਸੇਤੀਆ, ਚੀਫ ਐਗਰੀਕਲਚਰ ਅਫਸਰ ਗੁਰਪ੍ਰੀਤ ਸਿੰਘ, ਗੁਰਬਾਜ਼ ਸਿੰਘ ਬਲਾਕ ਅਫਸਰ, ਖੇਤੀਬਾੜੀ ਵਿਕਾਸ ਅਫਸਰ ਗੁਰਸਾਹਿਬ ਸਿੰਘ ਸਿੱਧੂ, ਗੁਰਲਵਲੀਨ ਸਿੰਘ ਖੇਤੀਬਾੜੀ ਵਿਕਾਸ ਅਫਸਰ, ਗੁਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਅਤੇ ਡੀ.ਐਸ.ਪੀ. ਧਰਮਕੋਟ ਸਮੇਤ ਕਈ ਹੋਰ ਅਧਿਕਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਵਿਧਾਇਕ ਲਾਡੀ ਢੋਸ ਨੇ ਇਕੱਤਰ ਹੋਏ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਪਹਿਲਾਂ ਹੀ 11 ਕਰੋੜ ਰੁਪਏ ਦਾ ਮੁਆਵਜ਼ਾ ਵੰਡਿਆ ਜਾ ਚੁੱਕਾ ਹੈ ਜਿਸ 'ਚੋਂ 9 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ 'ਚ ਪਹੁੰਚ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕੁਝ ਖਾਤਿਆਂ 'ਚ ਤਕਨੀਕੀ ਗੜਬੜ ਕਾਰਨ ਬਾਕੀ ਰਕਮ ਦੇ ਟਰਾਂਸਫਰ ਵਿਚ ਥੋੜ੍ਹੀ ਦੇਰੀ ਹੋਈ ਹੈ ਪਰ ਉਹ ਵੀ ਜਲਦੀ ਪਹੁੰਚਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਝੋਨੇ ਦੀ ਫਸਲ ਨੂੰ ਪਹੁੰਚੇ ਨੁਕਸਾਨ ਦਾ 20 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾ ਰਿਹਾ ਹੈ ਅਤੇ ਹੁਣ ਕਣਕ ਦੀ ਬਿਜਾਈ ਲਈ ਬੀਜ ਵੀ ਵੰਡੇ ਜਾ ਰਹੇ ਹਨ। ਇਹ ਬੀਜ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਪੰਜ ਏਕੜ ਤੱਕ ਮੁਫਤ ਦਿੱਤਾ ਜਾ ਰਿਹਾ ਹੈ, ਬਿਨਾਂ ਕਿਸੇ ਭੇਦਭਾਵ ਦੇ ਚਾਹੇ ਕਿਸਾਨ ਕਿਸੇ ਵੀ ਪਾਰਟੀ ਨਾਲ ਸੰਬੰਧਿਤ ਹੋਣ। ਉਨ੍ਹਾਂ ਇਹ ਵੀ ਕਿਹਾ ਕਿ ਹਲਕੇ ਦੇ ਕਿਸਾਨਾਂ ਨੂੰ ਖਾਦ ਦੀ ਸਹੂਲਤ ਵੀ ਉਪਲਬਧ ਕਰਵਾਈ ਜਾ ਰਹੀ ਹੈ। ਜਿਸ ਲਈ ਲਗਪਗ 45 ਲੱਖ ਰੁਪਏ ਦੀ ਰਕਮ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ, ਸਰਪੰਚਾਂ, ਬਲਾਕ ਚੇਅਰਮੈਨਾਂ ਅਤੇ ਮਾਰਕੀਟ ਕਮੇਟੀ ਦੇ ਚੇਅਰਮੈਨਾਂ ਦੇ ਸਹਿਯੋਗ ਨਾਲ ਇਕੱਠੀ ਕੀਤੀ ਗਈ ਹੈ। ਜ਼ਿਲ੍ਹਾ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਪਹਿਲਾਂ ਮੁਆਵਜ਼ਾ ਵੰਡਣ ਦੀ ਸ਼ੁਰੂਆਤ ਕੀਤੀ ਗਈ ਸੀ ਅਤੇ ਅੱਜ ਬੀਜ ਵੰਡਣ ਦੀ ਸ਼ੁਰੂਆਤ ਵੀ ਇੱਥੋਂ ਕੀਤੀ ਗਈ ਹੈ।



ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਜ਼ਿਲ੍ਹਾ ਡਿਪਟੀ ਕਮਿਸ਼ਨ ਸਾਗਰ ਸੇਤੀਆ ਹੜ੍ਹ ਪੀੜਤਾਂ ਨੂੰ ਕਣਕ ਦਾ ਬੀਜ ਵੰਡਣ ਸਮੇਂ। ਤਸਵੀਰ: ਪੋਪਲੀ



ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੀਮ ਨਗਰ ਵਿਖੇ ਨਿਗਰਾਨੀ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਮਾਹਿਰ ਟਰੇਨਰ। ਤਸਵੀਰ : ਅਸ਼ੋਕ ਬਾਂਸਲ

# ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿਖੇ ਨਿਗਰਾਨੀ ਪ੍ਰੋਗਰਾਮ ਕਰਵਾਇਆ

ਮੋਗਾ, 28 ਅਕਤੂਬਰ (ਅਸ਼ੋਕ ਬਾਂਸਲ)-ਕੇਂਦਰ ਸਰਕਾਰ ਵਲੋਂ ਚਲਾਏ ਜਾ ਰਹੇ ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਭੀਮ ਨਗਰ, ਮੋਗਾ ਵਿਖੇ ਉੱਘੇ ਮਾਹਿਰਾਂ ਵਲੋਂ ਵਿਦਿਆਰਥੀਆਂ ਲਈ ਇਕ ਨਿਗਰਾਨੀ ਪ੍ਰੋਗਰਾਮ ਕੀਤਾ ਗਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਪ੍ਰਿੰਸੀਪਲ ਡਾ. ਮਨਜੀਤ ਕੌਰ ਨੇ ਕੀਤੀ। ਰਾਸ਼ਟਰੀ ਪੱਧਰ ਦੇ ਟਰੇਨਰ ਮੇਜਰ ਪ੍ਰਦੀਪ ਕੁਮਾਰ, ਰਾਸ਼ਟਰੀ ਸਰੋਤ ਅਧਿਕਾਰੀ, ਫਾਰਮਾਸਿਊਟੀਕਲ ਵਿਭਾਗ, ਨਵੀਂ ਦਿੱਲੀ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਹੋਣ ਲਈ ਉਤਸ਼ਾਹਿਤ ਕੀਤਾ ਅਤੇ ਮਨੋਵਿਗਿਆਨਕ ਤੌਰ 'ਤੇ ਮਜ਼ਬੂਤ ਹੋਣ ਅਤੇ ਬਹੁਪੱਖੀ ਵਿਕਾਸ ਲਈ ਨਿਰੰਤਰ ਯਤਨਸ਼ੀਲ ਰਹਿਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸੈਮੀਨਾਰ ਦੇ ਬੁਲਾਰੇ ਕ੍ਰਿਸ਼ਨ ਪ੍ਰਤਾਪ ਪੰਜਾਬੀ ਇਕ ਲੇਖਕ ਨੇ ਆਪਣੇ ਜੀਵਨ ਵਿਚ ਕਿਤਾਬਾਂ ਦੀ ਮਹੱਤਤਾ ਬਾਰੇ ਗੱਲ ਕੀਤੀ। ਪ੍ਰਿੰਸੀਪਲ ਡਾ. ਮਨਜੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਅਜਿਹੇ ਸੈਮੀਨਾਰਾਂ ਵਿਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਲੈਕਚਰਾਰ ਸੁਸ਼ੀਲ ਕੁਮਾਰ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਲੈਕਚਰਾਰ ਗੀਤਾ ਰਾਣੀ, ਪਰਮਜੀਤ ਕੌਰ, ਗੀਤਾ, ਅਮਨਦੀਪ ਕੌਰ, ਸੁਰਿੰਦਰ ਕੌਰ, ਹੇਮਲਤਾ, ਗੁਰਪ੍ਰੀਤ ਕੌਰ, ਸਿੰਮੀ ਸੇਠੀ, ਸ਼ਮਾ, ਵਿਜੇ ਭਾਰਤੀ ਅਤੇ ਬਿੰਦੂ ਮੌਜੂਦ ਸਨ।



ਵਿਧਾਇਕ ਦਵਿੰਦਰਜੀਤ ਲਾਡੀ ਢੋਸ ਦਾ ਸਵਾਗਤ ਕਰਨ ਸਮੇਂ ਸਰਪੰਚ ਭਾਈ ਸਰਵਨ ਸਿੰਘ ਚੋਟੀਆਂ ਤੇ ਨਗਰ ਵਾਸੀ। ਤਸਵੀਰ :ਪੋਪਲੀ

# ਵਿਧਾਇਕ ਲਾਡੀ ਢੋਸ ਵਲੋਂ ਸੜਕਾਂ ਦੀ ਮੁਰੰਮਤ ਦੇ ਕੰਮ ਦਾ ਉਦਘਾਟਨ

## ਸੜਕਾਂ ਬਣਨ ਨਾਲ ਆਵਾਜਾਈ ਦੀ ਲੋਕਾਂ ਨੂੰ ਮਿਲੇਗੀ ਵੱਡੀ ਸਹੂਲਤ-ਵਿਧਾਇਕ ਢੋਸ

ਫ਼ਤਿਹਗੜ੍ਹ ਪੰਜਤੂਰ, 28 ਅਕਤੂਬਰ (ਜਸਵਿੰਦਰ ਸਿੰਘ ਪੋਪਲੀ)-ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵਲੋਂ ਹਲਕਾ ਧਰਮਕੋਟ ਤਹਿਤ ਆਉਂਦੀਆਂ ਖੇਤਰ ਦੀਆਂ ਲੱਖਾਂ ਰੁਪਏ ਦੀ ਲਾਗਤ ਨਾਲ ਤਿਆਰ ਅੱਧੀ ਦਰਜਨ ਦੇ ਕਰੀਬ ਸੰਪਰਕ ਸੜਕਾਂ ਦੀ ਮੁਰੰਮਤ ਦੇ ਕੰਮ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਸੜਕਾਂ ਦੇ ਰਸਮੀ ਉਦਘਾਟਨ ਦੀ ਸ਼ੁਰੂਆਤ ਪਿੰਡ ਚੋਟੀਆਂ ਤੋਂ ਕੀਤੀ ਗਈ ਜਿਸ ਦੇ ਸਰਪੰਚ ਭਾਈ ਸਰਵਣ ਸਿੰਘ ਚੋਟੀਆਂ ਤੇ ਸਮੂਹ ਗ੍ਰਾਮ ਪੰਚਾਇਤ ਵਲੋਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਵਿਧਾਇਕ ਲਾਡੀ ਢੋਸ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਦੇ 90 ਪ੍ਰਤੀਸ਼ਤ ਕੰਮ ਪੂਰਾ ਹੋ ਚੁੱਕਾ ਹੈ ਅਤੇ ਰਹਿੰਦਿਆਂ ਸੜਕਾਂ ਦੀ ਮੁਰੰਮਤ ਵੀ ਅਗਲੇ ਬਜਟ ਸੈਸ਼ਨ ਤੋਂ ਬਾਅਦ ਕਰ ਦਿੱਤੀ ਜਾਵੇਗੀ। ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਚੋਟੀਆਂ ਤੋਂ ਫਤਹਿਗੜ੍ਹ ਪੰਜਤੂਰ ਤੱਕ 0.6 ਕਿੱਲੋਮੀਟਰ ਲੰਬੀ ਸੜਕ ਤੇ ਲੱਖ ਰੁਪਏ, ਦਾਨੇਵਾਲਾ ਤੋਂ ਝੰਡਾ ਬੱਗਾ ਤੱਕ 2.10 ਕਿੱਲੋਮੀਟਰ ਤੇ 33.16 ਲੱਖ ਰੁਪਏ, ਲਲਿਹਾਂਦੀ ਤੋਂ ਸੈਦੇਸ਼ਾਹ 4.55 ਕਿੱਲੋਮੀਟਰ ਲੰਬੀ ਸੜਕ ਤੇ 64.15 ਲੱਖ ਜਦ ਕਿ ਵਸਤੀ ਗੋਬਿੰਦਗੜ੍ਹ ਤੋਂ ਪਿੰਡ ਸੰਘੇੜਾ ਤੱਕ 7.85 ਲੱਖ ਰੁਪਏ ਦੀ ਲਾਗਤ ਨਾਲ ਤਿਆਰ 0.55 ਕਿੱਲੋਮੀਟਰ ਲੰਬੀ ਲਿੰਕ ਸੜਕ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਇਸ ਮੌਕੇ ਐਸ.ਡੀ.ਓ. ਰਤਨਦੀਪ ਸਿੰਘ, ਚੇਅਰਮੈਨ ਸੁਖਬੀਰ ਸਿੰਘ, ਸ਼ਹਿਰੀ ਬਲਾਕ ਪ੍ਰਧਾਨ ਭੁਪੇਸ਼ ਗਰਗ, ਜਸਵੰਤ ਸਿੰਘ ਜੱਸ ਅਲਾਬਾਦ, ਬਲਾਕ ਪ੍ਰਧਾਨ ਅਜਾਇਬ ਸਿੰਘ ਲਲਿਹਾਂਦੀ, ਬਲਾਕ ਪ੍ਰਧਾਨ ਰਾਜਵੀਰ ਕੰਗ ਕਿਲੀ ਗਾਂਧਰਾ, ਵਿਧਾਨ ਸਭਾ ਕਮੇਟੀ ਮੈਂਬਰ ਚੰਦਰਸ਼ੇਖਰ ਬਾਂਸਲ, ਹਰਜੀਤ ਬਿੰਦ ਆੜ੍ਹਤੀਆ, ਸਤਪਾਲ ਬਿੰਦ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਦਲਬੀਰ ਸਿੰਘ ਵਿਰਕ, ਪ੍ਰਧਾਨ ਰਸ਼ਪਾਲ ਸਿੰਘ ਮੁੰਡੀ ਜਮਾਲ, ਮਨਵੀਰ ਸਿੰਘ ਸੰਧੂ ਮੁੰਡੀ ਜਮਾਲ, ਗੁਰਮੀਤ ਸਿੰਘ ਚੋਟੀਆਂ, ਸਰਪੰਚ ਹਰਪਾਲ ਸਿੰਘ ਬੋਗੇਵਾਲਾ, ਪੀ.ਏ. ਭੁਪਿੰਦਰ ਸਿੰਘ ਭਿੰਦਾ, ਸੋਸ਼ਲ ਮੀਡੀਆ ਇੰਚਾਰਜ ਦਲੇਰ ਸਿੰਘ ਸਾਮਾ ਆਦਿ ਤੋਂ ਇਲਾਵਾ ਹੋਰ ਵੀ ਆਗੂ ਸ਼ਾਮਿਲ ਸਨ।

# ਵੱਡੇ ਭਰਾ ਦੇ ਦਿਹਾਂਤ 'ਤੇ ਰਜਿੰਦਰ ਸਿੰਘ ਡੱਲਾ ਨਾਲ ਵੱਖ-ਵੱਖ ਸ਼ਖਸੀਅਤਾਂ ਵਲੋਂ ਦੁੱਖ ਦਾ ਪ੍ਰਗਟਾਵਾ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ, ਗੁਰਤੇਜ ਸਿੰਘ ਬੱਬੀ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਡੱਲਾ ਦੇ ਵੱਡੇ ਭਰਾਤਾ ਕਾਬਲ ਸਿੰਘ ਡੱਲਾ (68 ਸਾਲ) ਜੋ ਕਿ ਬੀਤੇ ਦਿਨੀਂ ਕੈਨੇਡਾ ਵਿਖੇ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ ਦੇ ਅਕਾਲ ਚਲਾਣੇ 'ਤੇ ਰਜਿੰਦਰ ਸਿੰਘ ਡੱਲਾ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਵੱਖ-ਵੱਖ ਰਾਜਸੀ ਤੇ ਧਾਰਮਿਕ ਸ਼ਖਸੀਅਤਾਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਜਿਨ੍ਹਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਕਮੇਟੀ ਮੈਂਬਰ ਤਰਸੇਮ ਸਿੰਘ ਰੱਤੀਆਂ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨ੍ਹੀ ਗਿੱਲ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁਖ ਭਾਰਤੀ ਪੱਤੋ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਬਰਜਿੰਦਰ ਸਿੰਘ ਮੱਖਣ ਬਰਾੜ, ਪੰਜਾਬ ਰਾਜ ਸੂਚਨਾ ਕਮਿਸ਼ਨ ਦੇ ਸਾਬਕਾ ਚੇਅਰਮੈਨ ਨਿਧੜਕ ਸਿੰਘ ਬਰਾੜ, ਕੌਮੀ ਮੀਤ ਪ੍ਰਧਾਨ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਸ਼੍ਰੋਮਣੀ ਕਮੇਟੀ ਮੈਂਬਰ ਸੁਖਹਰਪ੍ਰੀਤ ਸਿੰਘ ਰੋਡੇ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਅਮਰਜੀਤ ਸਿੰਘ ਲੰਢੇਕੇ, ਸੁਖਵਿੰਦਰ ਸਿੰਘ ਦਾਤੇਵਾਲ, ਰੇਸ਼ਮ ਸਿੰਘ ਔਲਖ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ, ਹਰਭੁਪਿੰਦਰ ਸਿੰਘ ਲਾਡੀ, ਹੇਅਰ ਗਲੋਟੀ, ਗੁਰਪ੍ਰੀਤ ਸਿੰਘ, ਕੁਲਵੰਤ ਸਿੰਘ ਹੱਲਣ, ਜਤਿੰਦਰ ਸਿੰਘ ਬਲਖੰਡੀ, ਅਤਿੰਦਰ ਸਿੰਘ ਦੀਨਾਂ, ਬਲਜੀਤ ਸਿੰਘ ਕੰਗ, ਜੋਗਿੰਦਰ ਸਿੰਘ ਸੰਧੂ, ਮਨਜੀਤ ਸਿੰਘ ਧੰਮੂ ਕੌਂਸਲਰ, ਇੰਚਾਰਜ ਸੁਖਮੰਦਰ ਸਿੰਘ, ਪਰਮਿੰਦਰ ਸਿੰਘ ਦਾਤਾ, ਗੁਲਾਬ ਸਿੰਘ ਮਨਾਵਾਂ, ਦਲਬੀਰ ਸਿੰਘ ਸਨਰਾਈਜ਼ ਪੈਲੇਸ ਬੁੱਘੀਪੁਰਾ, ਮੰਦਰ ਸਿੰਘ ਸਰਾਂ, ਸਰਪੰਚ ਪਰਮਿੰਦਰ ਸਿੰਘ ਨਸੀਰੇਵਾਲਾ, ਕੇਹਰ ਸਿੰਘ ਬਰਾੜ, ਗੁਰਪ੍ਰੀਤ ਸਿੰਘ ਧਾਲੀਵਾਲ, ਆਸ਼ੂ, ਹਰਬੰਸ ਸਿੰਘ ਪ੍ਰਧਾਨ, ਭਾਗ ਸਿੰਘ ਭੁੱਲਰ, ਗੁਰਦੇਵ ਸਿੰਘ ਭੋਲਾ, ਨਿਸ਼ਾਨ ਸਿੰਘ, ਮਹਿੰਦਰ ਸਿੰਘ ਰੱਤੀਆਂ, ਜਗਤਾਰ ਸਿੰਘ, ਕੌਂਸਲਰ ਵਿਕੀ ਸਰਪੰਚ, ਰੇਸ਼ਮ ਸਿੰਘ ਕਾਦਰਵਾਲਾ, ਚਰਨਜੀਤ ਸਿੰਘ, ਅੰਬਾ ਨਾਰੰਗ ਪੈਟਰੋਲ ਪੰਪ ਵਾਲੇ, ਹਰਨੇਕ ਸਿੰਘ ਮਸੀਤਾਂ, ਰਾਜਵੰਤ ਸਿੰਘ ਮਾਹਲਾ ਅਕਾਲੀ ਆਗੂ, ਰਣਜੀਤ ਸਿੰਘ ਭਾਊ, ਸੋਨੂੰ ਡਰੋਲੀ, ਜਗਤਾਰ ਸਿੰਘ ਦੌਧਰ, ਸਾਬਕਾ ਕੌਂਸਲਰ ਗਵਰਧਨ ਪੋਪਲੀ, ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਸ਼ਹਿਰੀ ਪ੍ਰਧਾਨ ਜਗਦੀਸ਼ ਛਾਬੜਾ, ਅਮੋਲਕ ਸਿੰਘ ਕਲਸੀ ਪੱਤਰਕਾਰ, ਡਾ. ਗੁਰਪ੍ਰੀਤ ਸਿੰਘ ਢਿੱਲੋਂ ਕਿਸ਼ਨਪੁਰਾ, ਡਾ. ਹਰਜਿੰਦਰ ਸਿੰਘ ਔਲਖ, ਗੁਰਮੇਜ ਸਿੰਘ ਇਫਕੋ, ਗੁਰਮੇਲ ਸਿੰਘ ਸੁਪਰਡੈਂਟ, ਲਖਵੀਰ ਸਿੰਘ ਸਾਬਕਾ ਸਰਪੰਚ, ਬਲਤੇਜ ਸਿੰਘ ਗਿੱਲ ਮਹਿਰੋਂ, ਪ੍ਰਭਜੀਤ ਸਿੰਘ ਗਿੱਲ, ਗੁਰਤੇਜ ਸਿੰਘ ਗਿੱਲ, ਬਲਦੇਵ ਸਿੰਘ ਕੰਗ, ਹਰਪਾਲ ਸਿੰਘ ਗਿੱਲ ਮਹਿਣਾ, ਲਖਵੰਤ ਸਿੰਘ ਸਾਬਕਾ ਸਰਪੰਚ, ਇੰਦਰ ਸਿੰਘ ਸੰਧੂ, ਰਣਧੀਰ ਸਿੰਘ ਸੇਖੋਂ, ਰਵਦੀਪ ਸਿੰਘ ਦਾਰਾਪੁਰਾ, ਆਂਟੂ ਚੋਟੀਆਂ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਲਖਵੀਰ ਸਿੰਘ ਸੰਧੂਆਣਾ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਸੀਨੀਅਰ ਆਗੂ ਦਰਸ਼ਨ ਸਿੰਘ ਦੁੱਨੇਕੇ ਆਦਿ ਸ਼ਾਮਿਲ ਹਨ।



ਰਜਿੰਦਰ ਸਿੰਘ ਡੱਲਾ ਨਾਲ ਦੁਖ ਸਾਂਝਾ ਕਰਦੇ ਹੋਏ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਭੁਪਿੰਦਰ ਸਿੰਘ ਦੌਲਤਪੁਰਾ, ਬਲਕਰਨ ਸਿੰਘ ਢਿੱਲੋਂ ਅਤੇ ਹੋਰ ਆਗੂ। ਅਜੀਤ ਤਸਵੀਰ



ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀ ਆਪਣੇ ਕੋਚ ਨਾਲ। ਤਸਵੀਰ: ਜਗਰੂਪ ਸਿੰਘ ਸਰੋਆ

# ਨਾਰਥ ਇੰਡੀਆ ਦੀ ਟੀਮ ਨੇ ਰਗਬੀ ਖੇਡ 'ਚ ਦੂਜਾ ਸਥਾਨ ਪ੍ਰਾਪਤ ਕੀਤਾ

ਸਮਾਧ ਭਾਈ, 28 ਅਕਤੂਬਰ (ਜਗਰੂਪ ਸਿੰਘ ਸਰੋਆ)-ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਖਿਡਾਰੀ ਜਿਨ੍ਹਾਂ ਨੇ ਹੈਦਰਾਬਾਦ ਵਿਖੇ ਹੋਈਆਂ ਨੈਸ਼ਨਲ ਖੇਡਾਂ ਅੰਡਰ-19 (ਲੜਕੇ) ਨਾਰਥ ਇੰਡੀਆ ਦੀ ਰਗਬੀ ਖੇਡ ਵਿਚੋਂ ਦੂਜਾ ਸਥਾਨ ਪ੍ਰਾਪਤ ਕਰਕੇ ਚਾਂਦੀ ਦਾ ਤਗਮਾ ਜਿੱਤਿਆ। ਇਸ ਸਮੇਂ ਪ੍ਰਿੰਸੀਪਲ ਸ਼ਸ਼ੀਕਾਂਤ ਨੇ ਦੱਸਿਆ ਕਿ ਨਾਰਥ ਇੰਡੀਆ ਦੀ ਟੀਮ ਵਲੋਂ ਸੈਮੀਫਾਈਨਲ ਮੈਚ ਵਿਚ ਮਹਾਰਾਸ਼ਟਰ ਦੀ ਟੀਮ ਨਾਲ ਖੇਡ ਕੇ ਜਿੱਤ ਪ੍ਰਾਪਤ ਕਰਦਿਆਂ ਫਾਈਨਲ ਵਿਚ ਪ੍ਰਵੇਸ਼ ਕੀਤਾ ਅਤੇ ਫਾਈਨਲ ਵਿਚ ਕਰਨਾਟਕਾ ਨਾਲ ਖੇਡਦਿਆਂ ਬਹੁਤ ਫਸਵੇਂ ਮੈਚ ਦੌਰਾਨ ਦੂਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਦੱਸਿਆ ਕਲੇਰ ਸਕੂਲ ਦੇ ਚਾਰ ਖਿਡਾਰੀ ਅਰਸ਼ਦੀਪ ਸਿੰਘ (ਬਾਰ੍ਹਵੀਂ ਆਰਟਸ), ਸੁਖਤਾਰ ਸਿੰਘ (ਬਾਰ੍ਹਵੀਂ ਕਾਮਰਸ), ਹਰਸ਼ਪ੍ਰੀਤ ਸਿੰਘ (ਬਾਰ੍ਹਵੀਂ ਸਾਇੰਸ) ਤੇ ਸੁਖਪ੍ਰੀਤ ਸਿੰਘ (ਬਾਰ੍ਹਵੀਂ ਸਾਇੰਸ) ਦੀ ਚੋਣ ਐਸ.ਜੀ.ਐਫ.ਆਈ. ਵਿਚ ਹੋਈ ਹੈ। ਇਸ ਸਮੇਂ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਸਵਾਗਤ ਕਰਦਿਆਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ, ਚੇਅਰਪਰਸਨ ਮੈਡਮ ਰਣਧੀਰ ਕੌਰ, ਡਾਇਰੈਕਟਰ ਕੋਹੇਨੂਰ ਸਿੱਧੂ, ਪ੍ਰਿੰਸੀਪਲ ਸ਼ਸ਼ੀਕਾਂਤ, ਕੁਆਰਡੀਨੇਟਰ ਤੇ ਸਮੂਹ ਸਟਾਫ ਨੇ ਕੋਚ ਬੇਅੰਤ ਸਿੰਘ, ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ।

# ਸਕੂਲ ਦਾ ਮੁੱਖ ਉਦੇਸ਼ ਬੱਚਿਆਂ ਦੇ ਸੰਚਾਰ ਹੁਨਰ ਨੂੰ ਵਿਕਸਤ ਕਰਨਾ-ਸੁਨੀਲ ਗਰਗ

## ਡਾ. ਸੈਫੁਦੀਨ ਕਿਚਲੂ ਸਕੂਲ ਵਿਖੇ ਹੋਏ ਸਮਾਗਮ 'ਚ ਸੰਚਾਰ ਹੁਨਰ ਵਿਕਾਸ ਦੀ ਇਕ ਝਲਕ ਪ੍ਰੋਗਰਾਮ

ਮੋਗਾ, 28 ਅਕਤੂਬਰ (ਸੁਰਿੰਦਰਪਾਲ ਸਿੰਘ)-ਡਾ. ਸੈਫੁਦੀਨ ਕਿਚਲੂ ਪਬਲਿਕ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਮੋਗਾ ਸਕੂਲ ਪ੍ਰਬੰਧਨ ਕਮੇਟੀ ਦੇ ਚੇਅਰਮੈਨ ਐਡਵੋਕੇਟ ਸੁਨੀਲ ਗਰਗ ਅਤੇ ਡਾਇਰੈਕਟਰ ਸੁਨੀਤਾ ਗਰਗ ਦੀ ਅਗਵਾਈ ਹੇਠ ਹੋਏ ਸਮਾਗਮ ਨੇ ਛੋਟੇ ਵਿਦਿਆਰਥੀਆਂ ਦੀ ਸਿਰਜਣਾਤਮਿਕਤਾ, ਸੰਚਾਰ ਹੁਨਰ ਅਤੇ ਸਵੈ-ਵਿਸ਼ਵਾਸ ਨੂੰ ਵਧਾਉਣ ਦਾ ਇਕ ਸ਼ਾਨਦਾਰ ਮੌਕਾ ਪ੍ਰਦਾਨ ਕੀਤਾ। ਇਸ ਮੌਕੇ, ਨਰਸਰੀ, ਐਲਕੇਜੀ, ਯੂ.ਕੇ.ਜੀ. ਅਤੇ ਕਿੰਡਰਗਾਰਟਨ ਕਲਾਸਾਂ ਦੇ ਬੱਚਿਆਂ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤੀਆਂ ਗਈਆਂ ਗਤੀਵਿਧੀਆਂ ਨਾਲ ਭਰਪੂਰ ਪੇਸ਼ਕਾਰੀ ਨੇ ਸਕੂਲ ਕੈਂਪਸ ਨੂੰ ਖ਼ੁਸ਼ੀ ਅਤੇ ਬੱਚਿਆਂ ਵਰਗੀ ਊਰਜਾ ਨਾਲ ਭਰ ਦਿੱਤਾ। ਰੋਲ-ਪਲੇ, ਪਿਕਚਰ ਟਾਕ, ਸ਼ੋਅ-ਐਂਡ-ਟੇਲ, ਕਹਾਣੀ ਸੁਣਾਉਣਾ, ਤੁਕਾਂਤ ਅਤੇ ਸਰਗਰਮ ਸੁਣਨ ਸਮੇਤ ਵੱਖ-ਵੱਖ ਇੰਟਰ ਐਕਟਿਵ ਅਤੇ ਰਚਨਾਤਮਿਕ ਗਤੀਵਿਧੀਆਂ ਕਰਵਾਈਆਂ ਗਈਆਂ। ਛੋਟੇ ਬੱਚਿਆਂ ਨੇ ਆਪਣੇ ਪਾਤਰਾਂ ਨੂੰ ਦਰਸਾ ਕੇ ਆਪਣੀਆਂ ਭਾਵਨਾਵਾਂ ਨੂੰ ਆਸਾਨੀ ਨਾਲ ਪ੍ਰਗਟ ਕੀਤਾ, ਤਸਵੀਰਾਂ ਅਤੇ ਵਸਤੂਆਂ ਰਾਹੀਂ ਵਿਸ਼ਵਾਸ ਨਾਲ ਬੋਲਣਾ ਸਿੱਖਿਆ, ਅਤੇ ਕਹਾਣੀਆਂ ਅਤੇ ਕਵਿਤਾਵਾਂ ਰਾਹੀਂ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਚੇਅਰਮੈਨ ਐਡਵੋਕੇਟ ਸੁਨੀਲ ਗਰਗ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਬੱਚਿਆਂ ਦੇ ਸੰਚਾਰ ਹੁਨਰ ਨੂੰ ਵਿਕਸਤ ਕਰਨਾ ਸੀ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾ ਸਿਰਫ਼ ਭਾਸ਼ਾ ਦੇ ਹੁਨਰ ਨੂੰ ਵਧਾਉਂਦੀਆਂ ਹਨ ਬਲਕਿ ਬੱਚਿਆਂ ਵਿਚ ਪ੍ਰਗਟਾਵੇ ਵਿਚ ਰਵਾਨਗੀ, ਸੁਣਨ ਦੇ ਹੁਨਰ ਅਤੇ ਦੂਜਿਆਂ ਦੇ ਵਿਚਾਰਾਂ ਨੂੰ ਸਮਝਣ ਦੀ ਯੋਗਤਾ ਨੂੰ ਵੀ ਵਿਕਸਤ ਕਰਦੀਆਂ ਹਨ। ਇਸ ਮੌਕੇ ਡਾਇਰੈਕਟਰ ਮੈਡਮ ਸੁਨੀਤਾ ਗਰਗ ਨੇ ਕਿਹਾ ਡਾ. ਸੈਫੁਦੀਨ ਕਿਚਲੂ ਪਬਲਿਕ ਮੈਮੋਰੀਅਲ ਸਕੂਲ ਇਕ ਵਿੱਦਿਅਕ ਸੰਸਥਾ ਹੈ, ਜਿੱਥੇ ਹਰ ਮੁਸਕਰਾਹਟ ਸਿੱਖਣ ਦੀ ਕਹਾਣੀ ਦੱਸਦੀ ਹੈ। ਸਾਡਾ ਟੀਚਾ ਬੱਚਿਆਂ ਦਾ ਸਰਵਪੱਖੀ ਵਿਕਾਸ ਹੈ ਅਤੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਉਸ ਦਿਸ਼ਾ ਵਿਚ ਇਕ ਮਜ਼ਬੂਤ ਕਦਮ ਹਨ। ਮੁੱਖ ਅਧਿਆਪਕਾ ਮੈਡਮ ਰੂਹੀ ਸਿੰਘ ਨੇ ਵੀ ਸਕੂਲ ਦੇ ਇਸ ਨਵੀਨਤਾਕਾਰੀ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਇਸ ਸਮਾਗਮ ਨੇ ਸਾਬਤ ਕੀਤਾ ਕਿ ਡਾ. ਸੈਫੁਦੀਨ ਕਿਚਲੂ ਪਬਲਿਕ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਨਾ ਸਿਰਫ਼ ਅਕਾਦਮਿਕ ਉੱਤਮਤਾ ਦਾ ਪ੍ਰਤੀਕ ਹੈ, ਸਗੋਂ ਸੰਪੂਰਨ ਵਿਕਾਸ ਅਤੇ ਸੰਚਾਰ ਹੁਨਰਾਂ ਨੂੰ ਉਤਸ਼ਾਹਿਤ ਕਰਨ ਲਈ ਇਕ ਸ਼ਕਤੀਸ਼ਾਲੀ ਪਲੇਟਫ਼ਾਰਮ ਵੀ ਹੈ।



ਮੋਗਾ ਦੇ ਡਾ. ਸੈਫੁਦੀਨ ਕਿਚਲੂ ਪਬਲਿਕ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੰਚਾਰ ਹੁਨਰ ਵਿਕਾਸ 'ਤੇ ਇਕ ਪ੍ਰੋਗਰਾਮ ਦੇ ਹਿੱਸੇ ਵਜੋਂ ਛੋਟੇ ਬੱਚੇ ਆਤਮਵਿਸ਼ਵਾਸ ਅਤੇ ਪ੍ਰਗਟਾਵੇ ਦੇ ਹੁਨਰ ਪ੍ਰਾਪਤ ਕਰ ਰਹੇ ਹਨ। ਅਜੀਤ ਤਸਵੀਰ

# ਸੰਤ ਬਾਬਾ ਭਾਗ ਸਿੰਘ ਗਰਲਜ਼ ਸਕੂਲ ਵਿਖੇ 7 ਰੋਜ਼ਾ ਐਨ.ਐੱਸ.ਐੱਸ. ਕੈਂਪ ਸਮਾਪਤ

ਠੱਠੀ ਭਾਈ, 28 ਅਕਤੂਬਰ (ਜਗਰੂਪ ਸਿੰਘ ਮਠਾੜੂ)-ਸੰਤ ਬਾਬਾ ਕੁਲਵੰਤ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਸੁਖਾਨੰਦ ਵਿਖੇ ਸੱਤ ਰੋਜ਼ਾ (ਦਿਨ ਰਾਤ) ਐਨ. ਐਸ. ਐਸ. ਕੈਂਪ ਲਗਾਇਆ ਗਿਆ। ਕੈਂਪ ਦੀ ਸਮਾਪਤੀ ਸਮਾਗਮ ਵਿਚ ਏ.ਐਸ.ਆਈ. ਕੇਵਲ ਸਿੰਘ ਟ੍ਰੈਫਿਕ ਐਜੂਕੇਸ਼ਨ ਸੈੱਲ ਮੋਗਾ ਨੇ ਸ਼ਮੂਲੀਅਤ ਕੀਤੀ। ਵਿਸ਼ੇਸ਼ ਮਹਿਮਾਨ ਵਜੋਂ ਕਿਸਾਨ ਯੂਨੀਅਨ ਪ੍ਰਧਾਨ ਬਲਜੀਤ ਸਿੰਘ ਅਤੇ ਸਮੂਹ ਕਿਸਾਨ ਯੂਨੀਅਨ ਮੈਂਬਰ ਉਗਰਾਹਾਂ, ਕਲੱਬ ਪ੍ਰਧਾਨ ਸੁਖਦੇਵ ਸਿੰਘ ਵਿਕੀ, ਮਾ. ਹਰਜਿੰਦਰ ਸਿੰਘ ਬਰਾੜ ਥਰਾਜ, ਬੇਅੰਤ ਸਿੰਘ ਮਲੂਕਾ ਹੈੱਡ ਟੀਚਰ ਮਲੂਕਾ, ਬੋਹੜ ਸਿੰਘ ਸੈਕਟਰੀ, ਅਮਰਜੀਤ ਸਿੰਘ, ਸੁਖਦਰਸ਼ਨ ਸਿੰਘ ਅਤੇ ਸਮੂਹ ਨਗਰ ਪੰਚਾਇਤ ਨੇ ਵੀ ਸ਼ਮੂਲੀਅਤ ਕੀਤੀ। ਕੈਂਪ ਦੌਰਾਨ ਸਫਾਈ ਮੁਹਿੰਮ, ਸਲੋਗਨ ਰਾਈਟਿੰਗ, ਚਾਰਟ, ਸੁੰਦਰ ਲਿਖਾਈ, ਭਾਸ਼ਣ ਮੁਕਾਬਲੇ ਕਰਵਾਏ ਗਏ ਅਤੇ ਨਸ਼ਿਆਂ ਤੇ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਰੈਲੀ ਕੱਢੀ ਗਈ। ਵਲੰਟੀਅਰਜ਼ ਨੂੰ ਨੈਤਿਕ ਕਦਰਾਂ ਕੀਮਤਾਂ ਤੋਂ ਜਾਣੂ ਕਰਾਉਂਦੇ ਹੋਏ ਸੋਹਣ ਸਿੰਘ ਦੁਆਰਾ ਆਪਣੇ ਸ਼ਬਦਾਂ ਰਾਹੀਂ ਬਾਖ਼ੂਬੀ ਸਮਝਾਇਆ ਗਿਆ। ਪ੍ਰੋਗਰਾਮ ਅਫਸਰ ਸਪਨਦੀਪ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਵਲੰਟੀਅਰਜ਼ ਨੇ ਉਦਮਤਾ, ਸਹਿਣਸ਼ੀਲਤਾ, ਨਿਮਰਤਾ ਅਤੇ ਆਪਸੀ ਮਿਲਵਰਤਨ, ਸਹਿਯੋਗ ਨਾਲ ਬੜੀ ਤਨਦੇਹੀ ਨਾਲ ਕੰਮ ਕੀਤਾ। ਸਮਾਪਤੀ ਸਮਾਰੋਹ 'ਤੇ ਵਲੰਟੀਅਰਜ਼ ਵਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਗਿਆਰ੍ਹਵੀਂ ਕਲਾਸ ਆਰਟਸ ਵਿਭਾਗ ਦੀ ਵਿਦਿਆਰਥਣ ਮੁਸਕਾਨ ਨੂੰ ਬੈਸਟ ਵਲੰਟੀਅਰ ਦੇ ਤੌਰ 'ਤੇ ਸਨਮਾਨਿਤ ਕੀਤਾ ਗਿਆ। ਬਾਰ੍ਹਵੀਂ ਸਾਇੰਸ ਵਿਭਾਗ ਦੀ ਵਿਦਿਆਰਥਣ ਲਵਲੀ ਕੌਰ, ਗਿਆਰ੍ਹਵੀਂ ਕਾਮਰਸ ਵਿਭਾਗ ਦੀ ਵਿਦਿਆਰਥਣ ਨਵਜੋਤ ਕੌਰ ਤੇ ਆਰਟਸ ਵਿਭਾਗ ਦੀ ਵਿਦਿਆਰਥਣ ਸ਼ਗਨਦੀਪ ਕੌਰ ਨੂੰ ਵੀ ਵਧੀਆ ਵਲੰਟੀਅਰਜ਼ ਦੇ ਤੌਰ 'ਤੇ ਸਨਮਾਨਿਤ ਕੀਤਾ ਗਿਆ ਤੇ ਬਾਕੀ ਵਲੰਟੀਅਰਜ਼ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਮੈਡਲ ਦਿੱਤੇ ਗਏ। ਏ ਐਸ. ਆਈ ਕੇਵਲ ਸਿੰਘ ਵਲੋਂ ਵੀ ਬੱਚਿਆਂ ਨੂੰ ਟਰੈਫਿਕ ਨਿਯਮਾਂ, ਰੋਡ ਐਕਸੀਡੈਂਟ ਦੇ ਕਾਰਨ ਅਤੇ ਸਹੀ ਡਰਾਈਵਿੰਗ ਦੇ ਨਿਯਮਾਂ ਸਬੰਧੀ ਅਹਿਮ ਜਾਣਕਾਰੀ ਦਿੱਤੀ। ਕਿਸਾਨ ਯੂਨੀਅਨ ਪ੍ਰਧਾਨ ਬਲਜੀਤ ਸਿੰਘ, ਪ੍ਰਾਇਮਰੀ ਹੈੱਡ ਟੀਚਰ ਬੇਅੰਤ ਸਿੰਘ ਮਲੂਕਾ ਅਤੇ ਮਾ. ਹਰਜਿੰਦਰ ਸਿੰਘ ਵਲੋਂ ਵੀ ਆਪਣੇ ਕੀਮਤੀ ਵਿਚਾਰ ਵਲੰਟੀਅਰਜ਼ ਨਾਲ ਸਾਂਝੇ ਕੀਤੇ ਗਏ। ਪ੍ਰੋਗਰਾਮ ਦੇ ਅੰਤ ਵਿਚ ਸੰਸਥਾ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ ਡੇਰਾ ਭੋਰੇ ਵਾਲਾ ਦੇ ਮੁੱਖ ਸੇਵਾਦਾਰ ਬਾਬਾ ਜਗਦੇਵ ਸਿੰਘ ਜੱਗਾ, ਪ੍ਰਬੰਧਕ ਕਮੇਟੀ ਮੈਂਬਰ ਸੁਖਦੇਵ ਸਿੰਘ, ਦਿਆ ਸਿੰਘ, ਚਰਨਜੀਤ ਸਿੰਘ ਗੱਬੀ, ਜੱਸਾ ਸਿੰਘ ਬਰਾੜ, ਚਰਨਜੀਤ ਸਿੰਘ ਸਿੱਧੂ, ਅਜਮੇਰ ਸਿੰਘ ਪਬਲਿਕ ਸਕੂਲ ਦੇ ਪ੍ਰਿੰਸੀਪਲ ਰਵਾਨਾ ਬਾਂਸਲ ਅਤੇ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਗੁਰਜੀਤ ਕੌਰ ਵਲੋਂ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ।



ਸੰਤ ਬਾਬਾ ਭਾਗ ਸਿੰਘ ਸਕੂਲ ਸੁਖਾਨੰਦ ਦੇ ਕੈਂਪ ਸਮਾਪਤੀ ਸਮੇਂ ਪ੍ਰੋਗਰਾਮ ਪੇਸ਼ ਕਰਦੀਆਂ ਹੋਈਆਂ ਵਿਦਿਆਰਥਣਾਂ ਅਤੇ ਸਨਮਾਨ ਸਮਾਗਮ ਦਾ ਦ੍ਰਿਸ਼। ਤਸਵੀਰਾਂ: ਜਗਰੂਪ ਸਿੰਘ ਮਠਾੜੂ

# ਕਿਰਤੀ ਕਿਸਾਨ ਯੂਨੀਅਨ ਦਾ ਵਫਦ ਪਰਾਲੀ ਪ੍ਰਬੰਧਨ ਨੂੰ ਲੈ ਕੇ ਐਸ.ਡੀ.ਐਮ. ਦਫ਼ਤਰ ਪਹੁੰਚਿਆ

ਬਾਘਾ ਪੁਰਾਣਾ, 28 ਅਕਤੂਬਰ (ਟਿੰਕੂ ਕਾਠਪਾਲ)-ਕਿਰਤੀ ਕਿਸਾਨ ਯੂਨੀਅਨ ਦਾ ਵਫਦ ਪਰਾਲੀ ਦੇ ਪ੍ਰਬੰਧਨ ਨੂੰ ਲੈ ਕੇ ਐਸ.ਡੀ.ਐਮ. ਦਫਤਰ ਬਾਘਾ ਪੁਰਾਣਾ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾ ਘਰ ਦੀ ਅਗਵਾਈ ਹੇਠ ਪੁੱਜਾ। ਬਲਾਕ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜੇਆਣਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਆਖਿਆ ਕਿ ਅੱਜ ਬਲਾਕ ਬਾਘਾ ਪੁਰਾਣਾ ਦਾ ਵਫਦ ਪਰਾਲੀ ਦੇ ਮਾੜੇ ਪ੍ਰਬੰਧ ਨੂੰ ਲੈ ਕੇ ਐਸ.ਡੀ.ਐਮ. ਦਫ਼ਤਰ ਬਾਘਾ ਪੁਰਾਣਾ ਪਹੁੰਚਿਆ। ਝੋਨੇ ਦੇ ਸੀਜ਼ਨ ਦੀ ਕਟਾਈ ਹੋਣ ਕਰਕੇ ਕਿਸਾਨਾਂ ਲਈ ਪਰਾਲੀ ਸਿਰਦਰਦ ਬਣ ਗਈ ਹੈ ਜੋ ਪੰਜਾਬ ਸਰਕਾਰ ਦੀਆਂ ਨਕਾਮੀਆਂ ਨੂੰ ਉਜਾਗਰ ਕਰ ਰਹੀ ਹੈ, ਜਿੱਥੇ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਆਖਿਆ ਸੀ ਕਿ ਕਿਸਾਨਾਂ ਦੀ ਪਰਾਲੀ ਦਾ ਪ੍ਰਬੰਧਨ ਪੰਜਾਬ ਸਰਕਾਰ ਖ਼ੁਦ ਕਰੇਗੀ ਤੇ ਹਰੇਕ ਪਿੰਡ ਨੂੰ ਪਰਾਲੀ ਸਾਂਭਣ ਲਈ ਹਰੇਕ ਤਰ੍ਹਾਂ ਦੀ ਮਸ਼ੀਨਰੀ ਮੁਹੱਈਆ ਕਰਵਾਏਗੀ ਪ੍ਰੰਤੂ ਹੁਣ ਪੰਜਾਬ ਸਰਕਾਰ ਸਾਰੇ ਵਾਅਦੇ ਭੁੱਲ ਚੁੱਕੀ ਹੈ ਅਤੇ ਪਰਾਲੀ ਕਿਸਾਨਾਂ ਲਈ ਬਹੁਤ ਵੱਡੀ ਸਮੱਸਿਆ ਬਣ ਗਈ ਹੈ। ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖ਼ੁਰਦ ਨੇ ਆਖਿਆ ਕਿ ਕਿਸਾਨਾਂ ਦੇ ਖੇਤ ਵਿਚੋਂ ਨਾ ਤਾਂ ਗੱਠਾਂ ਬੰਨ੍ਹੀਆਂ ਜਾਂਦੀਆਂ ਹਨ ਅਤੇ ਨਾ ਹੀ ਚੁੱਕੀਆਂ ਜਾਂਦੀਆਂ ਹਨ ਤਾਂ ਕਿਸਾਨ ਨੂੰ ਮਜਬੂਰਨ ਪਰਾਲੀ ਨੂੰ ਅੱਗ ਲਗਾਉਣੀ ਪੈਂਦੀ ਹੈ। ਇਸੇ ਤਹਿਤ ਵਫਦ ਵਲੋਂ ਮੰਡੀ ਦਾ ਦੌਰਾ ਕੀਤਾ ਗਿਆ ਕਿਸਾਨਾਂ ਨੂੰ ਮਿਲਿਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਅਜਮੇਰ ਸਿੰਘ ਛੋਟਾ ਘਰ, ਬਲਾਕ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜੇਆਣਾ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖ਼ੁਰਦ, ਬਲਾਕ ਆਗੂ ਬੂਟਾ ਸਿੰਘ, ਕੁਲਵੰਤ ਸਿੰਘ ਰਾਜੇਆਣਾ, ਬਲਵਿੰਦਰ ਸਿੰਘ, ਬਲਦੇਵ ਸਿੰਘ, ਅਮਰਜੀਤ ਸਿੰਘ ਛੋਟਾ ਘਰ, ਸਾਬਕਾ ਸਰਪੰਚ ਨਿਰਮਲ ਸਿੰਘ, ਗੁਰਚਰਨ ਸਿੰਘ, ਹਰਗੋਪਾਲ ਸਿੰਘ ਭੁੱਟਾ, ਕੇਵਲ ਸਿੰਘ, ਮਨਜੀਤ ਸਿੰਘ, ਮਿੱਠੂ ਸਿੰਘ, ਸੇਵਾ ਸਿੰਘ ਰਾਜੇਆਣਾ, ਬਲਜਿੰਦਰ ਸਿੰਘ, ਹਰਬੰਸ ਸਿੰਘ ਰੇਸ਼ਮ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਮਾਂ ਚਿੰਤਪੁਰਨੀ ਲਈ ਬਾਘਾ ਪੁਰਾਣਾ ਤੋਂ 3 ਬੱਸਾਂ ਦਾ ਭਗਤ ਜਥਾ ਰਵਾਨਾ

ਬਾਘਾ ਪੁਰਾਣਾ, 28 ਅਕਤੂਬਰ (ਟਿੰਕੂ ਕਾਠਪਾਲ)-ਮਾਂ ਚਿੰਤਪੁਰਨੀ ਦੇ ਦਰਸ਼ਨ ਲਈ ਪ੍ਰਾਚੀਨ ਸ੍ਰੀ ਸ਼ਿਵ ਸ਼ਨੀ ਮੰਦਰ ਮਾਲ ਸਾਹਿਬ ਤੋਂ ਤਿੰਨ ਬੱਸਾਂ ਦਾ ਭਗਤ ਜਥਾ ਪੰਡਤ ਕਾਕੂ ਸ਼ਰਮਾ ਦੀ ਅਗਵਾਈ ਹੇਠ ਸ਼ਰਧਾ ਅਤੇ ਭਾਵਨਾ ਨਾਲ ਰਵਾਨਾ ਹੋਇਆ। ਜਥੇ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਨ ਦੀ ਰਸਮ ਰਾਜ ਕੁਮਾਰ ਗਰਗ (ਪ੍ਰਧਾਨ) ਅਤੇ ਪਵਨ ਖੁਰਾਣਾ ਵਲੋਂ ਅਦਾ ਕੀਤੀ ਗਈ। ਜਥਾ 'ਮਾਂ ਚਿੰਤਪੁਰਨੀ ਧਰਮਸ਼ਾਲਾ ਬਾਘਾ ਪੁਰਾਣਾ ਵਾਲੀ' ਵਿਖੇ ਰਾਤ ਸਮੇਂ ਹੋਣ ਵਾਲੇ ਮਹਾਂ ਮਾਈ ਦੇ ਜਾਗਰਣ ਵਿਚ ਸ਼ਿਰਕਤ ਕਰੇਗਾ। ਇਸ ਮੌਕੇ ਕਾਕੂ ਸ਼ਰਮਾ, ਯੋਗੇਸ਼ ਬਾਂਸਲ ਯੋਗੀ, ਮਨੀ ਖੁਰਾਣਾ, ਸ਼ਿਵ ਸ਼ਰਮਾ, ਜਸ਼ਨ ਝੰਜੀ, ਹੇਮੰਤ ਗਰੋਵਰ, ਬਿੱਟੂ ਅਰੋੜਾ ਅਤੇ ਚੰਦਨ ਗਰੋਵਰ ਸਮੇਤ ਵੱਡੀ ਗਿਣਤੀ ਵਿਚ ਭਗਤ ਮੌਜੂਦ ਸਨ। ਸਾਰੇ ਭਗਤਾਂ ਨੇ ਮਾਂ ਦੇ ਦਰ 'ਤੇ ਹਾਜ਼ਰੀ ਭਰ ਕੇ ਇਲਾਕੇ ਵਿਚ ਸ਼ਾਂਤੀ, ਸੁੱਖ-ਸਮ੍ਰਿੱਧੀ ਅਤੇ ਭਲਾਈ ਲਈ ਅਰਦਾਸ ਕੀਤੀ।

# ਐਸ.ਐਮ.ਐਸ. ਵਾਲੀਆਂ ਕੰਬਾਈਨਾਂ ਨਾਲ ਵਾਢੀ ਯਕੀਨੀ ਬਣਾਉਣ ਲਈ ਐਸ.ਡੀ.ਐਮ. ਸਿੱਧੂ ਵਲੋਂ ਅਚਨਚੇਤ ਚੈਕਿੰਗ

## ਵਾਤਾਵਰਨ ਪੱਖੀ ਖੇਤੀ ਕਰਨ ਵਾਲੇ ਰੋਡੇ ਦੇ ਅਗਾਂਹਵਧੂ ਕਿਸਾਨ ਅਰਸ਼ਦੀਪ ਦੀ ਕੀਤੀ ਹੌਸਲਾ ਅਫਜ਼ਾਈ

ਸਮਾਲਸਰ, 28 ਅਕਤੂਬਰ (ਗੁਰਜੰਟ ਕਲਸੀ ਲੰਡੇ)-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵਲੋਂ ਬਗੈਰ ਐਸ.ਐਮ.ਐਸ. ਤੋਂ ਕੰਬਾਈਨਾਂ ਨਾਲ ਝੋਨਾ ਕੱਟਣ ਉੱਪਰ ਪੂਰਨ ਪਾਬੰਦੀ ਲਗਾਈ ਗਈ ਹੈ। ਇਸ ਪਾਬੰਦੀ ਆਦੇਸ਼ਾਂ ਦੀ ਇੰਨ ਬਿੰਨ ਪਾਲਨਾ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ ਉੱਪਰ ਚੈਕਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਕਿਸਾਨਾਂ ਨੂੰ ਇਸ ਸਬੰਧੀ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਐਸ.ਡੀ.ਐਮ. ਬਾਘਾ ਪੁਰਾਣਾ ਬੇਅੰਤ ਸਿੰਘ ਸਿੱਧੂ ਨੇ ਸਾਂਝੀ ਕੀਤੀ। ਐਸ.ਡੀ.ਐਮ. ਬਾਘਾ ਪੁਰਾਣਾ ਵਲੋਂ ਟੀਮ ਸਮੇਤ ਪਿੰਡਾਂ ਵਿਚ ਜਾ ਕੇ ਐਸ.ਐਮ.ਐਸ. ਸਬੰਧੀ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਬਗੈਰ ਐਸ.ਐਮ.ਐਸ. ਤੋਂ ਕੰਬਾਈਨ ਟੀਮ ਨੂੰ ਮਿਲੀ ਤਾਂ ਤੁਰੰਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਚੈਕਿੰਗ ਤੋਂ ਬਾਅਦ ਉਨ੍ਹਾਂ ਪਿੰਡ ਰੋਡੇ ਦੇ ਅਗਾਂਹਵਧੂ ਕਿਸਾਨ ਅਰਸ਼ਦੀਪ ਸਿੰਘ ਦੇ ਖੇਤ ਦਾ ਦੌਰਾ ਕੀਤਾ। ਇਹ ਕਿਸਾਨ ਪਿਛਲੇ ਤਿੰਨ ਸਾਲ ਤੋਂ 50 ਏਕੜ ਜ਼ਮੀਨ ਵਿਚ ਲਗਾਈ ਝੋਨੇ ਦੀ ਫਸਲ ਕੰਬਾਈਨ ਤੇ ਐਸ.ਐਮ.ਐਸ. ਲਗਾ ਕੇ ਵਾਢੀ ਕਰਵਾ ਰਿਹਾ ਹੈ ਅਤੇ ਪਰਾਲੀ ਨੂੰ ਆਪਣੇ ਖੇਤ ਵਿਚ ਵਾਹ ਕੇ ਸੁਪਰ- ਸੀਡਰ ਨਾਲ ਕਣਕ ਦੀ ਫਸਲ ਦੀ ਬਿਜਾਈ ਕਰ ਰਿਹਾ ਹੈ। ਬੇਅੰਤ ਸਿੰਘ ਸਿੱਧੂ ਐਸ.ਡੀ.ਐਮ. ਨੇ ਕਿਸਾਨ ਦੀ ਹੌਸਲਾ ਅਫਜਾਈ ਕਰਦੇ ਹੋਰ ਕਿਸਾਨਾਂ ਨੂੰ ਵੀ ਇਸ ਕਿਸਾਨ ਤੋਂ ਸੇਧ ਲੈਣ ਦੀ ਅਪੀਲ ਕੀਤੀ। ਇਸ ਮੌਕੇ ਡਾ. ਖੁਸ਼ਦੀਪ ਸਿੰਘ ਖੇਤੀਬਾੜੀ ਵਿਕਾਸ ਅਫਸਰ ਬਾਘਾ ਪੁਰਾਣਾ ਨੇ ਦੱਸਿਆ ਕਿ ਪਰਾਲੀ ਨੂੰ ਜ਼ਮੀਨ ਵਿਚ ਵਾਹੁਣ ਨਾਲ ਜੈਵਿਕ ਮਾਦਾ ਵਿਚ ਵਾਧਾ ਹੁੰਦਾ ਹੈ ਜੋ ਕਿ ਕਿਸਾਨ ਲਈ ਬਹੁਤ ਲਾਹੇਵੰਦ ਹੁੰਦਾ ਹੈ। ਡਾ. ਰਾਜਕਰਨ ਸਿੰਘ ਨੇ ਦੱਸਿਆ ਹੈ ਜੇਕਰ ਕਿਸੇ ਵੀ ਕਿਸਾਨ ਨੂੰ ਝੋਨੇ ਦੀ ਪਰਾਲੀ ਦੀ ਸੰਭਾਲ ਲਈ ਮਸ਼ੀਨਰੀ ਦੀ ਲੋੜ ਹੈ ਤਾਂ ਉਹ ਖੇਤੀਬਾੜੀ ਵਿਭਾਗ ਨਾਲ ਸੰਪਰਕ ਕਰਕੇ ਲੋੜੀਂਦੀ ਮਸ਼ੀਨਰੀ ਪ੍ਰਾਪਤ ਕਰ ਸਕਦਾ ਹੈ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557